# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-08-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੇਤੀਬਾੜੀ ਖੇਤਰ ਵਿੱਚ ਖੋਜ ਤੇ ਨਵੀਨਤਾ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ ।
- ਪ੍ਰਧਾਨ ਮੰਤਰੀ ਵਲੋਂ ਕਲ ਜਾਰੀ 61 ਫਸਲਾਂ ਦੀਆਂ 109 ਉੱਚ-ਉਪਜ ਵਾਲੀਆਂ, ਜਲਵਾਯੂ ਅਨੁਕੂਲ ਅਤੇ ਜੈਵ-ਸਸ਼ਕਤ ਫਸਲਾਂ ਦਾ ਕਿਸਾਨਾਂ ਨੇ ਭਰਵਾਂ ਸਵਾਗਤ ਕੀਤਾ ਏ।
- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ 'ਨਸ਼ਾ ਮੁਕਤ ਭਾਰਤ ਅਭਿਆਨ' ਦੀ ਜਾਗਰੂਕਤਾ ਮੁਹਿੰਮ ਤਹਿਤ ਅੱਜ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਦਿਵਾਇਆ ਗਿਆ ।
- ਪੈਰਿਸ ਉਲੰਪਿਕ ਖੇਡਾਂ ਵਿੱਚ ਸ਼ੂਟਿੰਗ ਵਿਚ ਕਾਂਸੇ ਦਾ ਮੈਡਲ ਜਿੱਤਣ ਉਪਰੰਤ ਪਿੰਡ ਪਰਤੇ ਸ਼ੂਟਰ ਸਰਬਜੋਤ ਸਿੰਘ ਦਾ ਲੋਕਾਂ ਤੇ ਪ੍ਰਸ਼ੰਸਕਾਂ ਨੇ ਨਿੱਘਾ ਸਵਾਗਤ ਕੀਤਾ ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੇਤੀਬਾੜੀ ਖੇਤਰ ਵਿੱਚ ਖੋਜ ਤੇ ਨਵੀਆਂ ਕਾਢਾਂ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ। ਕੱਲ੍ਹ ਨਵੀਂ ਦਿੱਲੀ ਵਿਖੇ 109 ਨਵੀਆਂ ਫ਼ਸਲਾਂ ਦੀਆਂ ਕਿਸਮਾਂ ਨੂੰ ਜਾਰੀ ਕਰਨ ਮੌਕੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਕਿਸਮਾਂ ਖੇਤੀਬਾੜੀ ਵਿੱਚ ਨਵੀਨਤਾ 'ਤੇ ਉਨ੍ਹਾਂ ਦੇ ਫੋਕਸ ਦਾ ਠੋਸ ਨਤੀਜਾ ਨੇ। ਕਿਸਾਨਾਂ ਨਾਲ ਗੱਲਬਾਤ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਨੋਟ ਕੀਤਾ ਕਿ ਕਿਸਾਨ ਧਰਤੀ ਮਾਤਾ ਪ੍ਰਤੀ ਆਪਣੀ ਜ਼ਿੰਮੇਵਾਰੀ ਪ੍ਰਤੀ ਸੁਚੇਤ ਨੇ ਤੇ ਸਵੈ-ਇੱਛਾ ਨਾਲ ਕੀਟਨਾਸ਼ਕਾਂ ਤੋਂ ਦੂਰ ਹੋ ਰਹੇ ਨੇ ਅਤੇ ਜੈਵਿਕ ਖੇਤੀ ਵੱਲ ਵਧ ਰਹੇ ਨੇ। ਪ੍ਰਧਾਨ ਮੰਤਰੀ ਨੇ ਕਿਸਾਨਾਂ ਨੂੰ ਨਵੀਆਂ ਕਿਸਮਾਂ ਅਪਣਾਉਣ ਲਈ ਹੱਲ ਸੁਝਾਏ। ਉਨਾਂ ਨਵੀਂ ਕਿਸਮ ਨੂੰ ਛੋਟੇ ਹਿੱਸੇ ਵਿੱਚ ਵਰਤਣ ਅਤੇ ਆਪਣੀ ਖੁਦ ਦੀ ਵਰਤੋਂ ਦੇ ਤਸੱਲੀਬਖਸ਼ ਨਤੀਜਿਆਂ ਤੋਂ ਬਾਅਦ ਇਸਦੀ ਵਰਤੋਂ ਕਰਨ ਦਾ ਸੁਝਾਅ ਵੀ ਦਿੱਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਏ। ਉਨਾਂ ਇੱਕ ਸੋਸ਼ਲ ਮੀਡੀਆ

ਪੋਸਟ ਵਿੱਚ ਕਿਹਾ ਕਿ ਕਿਸਾਨਾਂ ਨਾਲ ਉਨ੍ਹਾਂ ਦੀ ਮੁਲਾਕਾਤ ਇੱਕ ਯਾਦਗਾਰ ਅਨੁਭਵ ਸੀ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਕਲ ਜਾਰੀ 61 ਫਸਲਾਂ ਦੀਆਂ 109 ਉੱਚ-ਉਪਜ ਵਾਲੀਆਂ, ਜਲਵਾਯੂ ਅਨੁਕੂਲ ਅਤੇ ਜੈਵ-ਸਸ਼ਕਤ ਫਸਲਾਂ ਦਾ ਕਿਸਾਨਾਂ ਨੇ ਭਰਵਾਂ ਸਵਾਗਤ ਕੀਤਾ ਏ । ਇਨਾਂ ਵਿਚ 34 ਖੇਤ ਫਸਲਾਂ ਅਤੇ 27 ਬਾਗਬਾਨੀ ਫਸਲਾਂ ਸ਼ਾਮਲ ਨੇ । ਖੇਤਾਂ ਦੀਆਂ ਫਸਲਾਂ ਵਿੱਚ, ਬਾਜਰਾ, ਚਾਰੇ ਦੀਆਂ ਫਸਲਾਂ, ਤੇਲ ਬੀਜ, ਦਾਲ, ਗੰਨਾ, ਕਪਾਹ, ਫਾਈਬਰ ਅਤੇ ਹੋਰ ਸੰਭਾਵੀ ਫਸਲਾਂ ਸਮੇਤ ਵੱਖ-ਵੱਖ ਅਨਾਜਾਂ ਦੇ ਬੀਜ ਜਾਰੀ ਕੀਤੇ ਗਏ ਨੇ । ਬਾਗਬਾਨੀ ਫਸਲਾਂ ਵਿੱਚ ਫਲਾਂ, ਸਬਜ਼ੀਆਂ, ਬਾਗਾਨ ਫਸਲਾਂ, ਕੰਦ ਫਸਲਾਂ, ਮਸਾਲੇ, ਫੁੱਲਾਂ ਅਤੇ ਔਸ਼ਧੀ ਫਸਲਾਂ ਦੀਆਂ ਵੱਖ ਵੱਖ ਕਿਸਮਾਂ ਜਾਰੀ ਕੀਤੀਆਂ ਗਈਆਂ ਨੇ । ਵੱਖ ਵੱਖ ਜ਼ਿਲਿਆਂ ਦੇ ਕਿਸਾਨਾਂ ਨੇ ਕਿਹਾ ਕਿ ਸਰਕਾਰ ਦੇ ਇਸ ਕਦਮ ਨਾਲ ਉਨਾਂ ਨੂੰ ਲਾਭ ਹੋਵੇਗਾ ਅਤੇ ਆਮਦਨ ਦੁਗਣੀ ਕਰਨ ਵਿਚ ਵੀ ਮਦਦ ਮਿਲੇਗੀ।

---

ਸਮਾਜਿਕ ਨਿਆਂ ਅਤੇ ਸ਼ਕਤੀਕਰਨ ਮੰਤਰਾਲੇ ਨੇ ਅੱਜ ਦੇਸ਼ ਭਰ ਵਿੱਚ ਨਸ਼ਾ ਮੁਕਤ ਭਾਰਤ ਅਭਿਆਨ ਐਨ.ਐਮ.ਬੀ.ਏ. ਤਹਿਤ ਨਸ਼ਿਆਂ ਵਿਰੁੱਧ ਇੱਕ ਵਿਸ਼ਾਲ ਸਹੁੰ ਚੁੱਕ ਸਮਾਗਮ ਦਾ ਆਯੋਜਨ ਕੀਤਾ । ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ, ਡਾ ਵਰਿੰਦਰ ਕੁਮਾਰ ਨੇ ਨਵੀਂ ਦਿੱਲੀ ਵਿੱਚ ਸਹੁੰ ਚੁਕਾਈ । ਇਸ ਸਾਲ ਦਾ ਵਿਸ਼ਾ- ਵਿਕਸਿਤ ਭਾਰਤ ਕਾ ਮੰਤਰ, ਭਾਰਤ ਹੋ ਨਸ਼ੇ ਸੇ ਸੁਤੰਤਰ ਏ । ਮਗਰੋਂ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਹੁਣ ਤੱਕ 11 ਕਰੋੜ ਤੋਂ ਵੱਧ ਲੋਕ ਐਨ.ਐਮ.ਬੀ.ਏ. ਦਾ ਹਿੱਸਾ ਬਣ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮਾਗਮ ਵਿੱਚ ਸੂਬਾ ਤੇ ਕੇਂਦਰ ਸ਼ਾਸਤ ਪ੍ਰਦੇਸ਼ ਸਰਕਾਰਾਂ, ਕੇਂਦਰੀ ਮੰਤਰਾਲਿਆਂ, ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ, ਨੈਸ਼ਨਲ ਕੈਡੇਟ ਕੋਰ, ਨਹਿਰੂ ਯੁਵਾ ਕੇਂਦਰ ਸੰਗਠਨ ਅਤੇ ਹੋਰ ਜਨਤਕ ਸੰਸਥਾਵਾਂ ਦੇ ਵਿਦਿਆਰਥੀਆਂ ਅਤੇ ਫੈਕਲਟੀ ਸਮੇਤ ਦੇਸ਼ ਭਰ ਦੇ ਇੱਕ ਕਰੋੜ ਤੋਂ ਵੱਧ ਲੋਕਾਂ ਨੇ ਆਨਲਾਈਨ ਸਮਾਗਮ ਵਿੱਚ ਹਿੱਸਾ ਲਿਆ ।

---

ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਵੀ 'ਨਸ਼ਾ ਮੁਕਤ ਭਾਰਤ ਅਭਿਆਨ' ਦੀ ਜਾਗਰੂਕਤਾ ਮੁਹਿੰਮ ਤਹਿਤ ਅੱਜ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਅਹਿਦ ਦਿਵਾਇਆ ਗਿਆ। ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਮੋਹਾਲੀ ਵਿਖੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੋਨਮ ਚੌਧਰੀ ਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਅਮ੍ਰਿਤ ਬਾਲਾ ਨੇ ਇਕੱਤਰ ਹੋਏ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਦਿਵਾਉਂਦੇ ਹੋਏ ਉਨ੍ਹਾਂ ਨੂੰ ਨਸ਼ਿਆਂ ਖ਼ਿਲਾਫ਼ ਮੁਹਿੰਮ 'ਚ ਹਿੱਸਾ ਬਣਨ ਲਈ ਪ੍ਰੇਰਿਆ। ਏਧਰ ਲੁਧਿਆਣਾ ਵਿਚ ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ ਨੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਹੁੰ ਚੁਕਾਈ। ਉਨ੍ਹਾਂ ਨਸ਼ਿਆਂ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨ ਅਤੇ ਨਸ਼ਾ ਛੱਡਣ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ। ਉਨਾਂ ਨਸ਼ਿਆਂ ਦੀ ਰੋਕਥਾਮ ਤੇ ਨਸ਼ਾ ਮੁਕਤ ਸਮਾਜ ਦੀ ਉਸਾਰੀ ਲਈ ਸਮੂਹਿਕ ਯਤਨਾਂ ਦੀ ਲੋੜ 'ਤੇ ਜ਼ੋਰ ਦਿੱਤਾ। ਮੇਜਰ ਸਰੀਨ ਨੇ ਮਿਸਾਲੀ ਵਿਅਕਤੀਆਂ ਦੀ ਮਹੱਤਤਾ 'ਤੇ ਚਾਨਣ ਪਾਇਆ ਜਿਹੜੇ ਖੁਦ ਇਸ

ਨਰਕ ਵਿੱਚੋਂ ਬਾਹਰ ਆਏ ਨੇ ਅਤੇ ਆਪਣੇ ਦੋਸਤਾਂ ਤੇ ਪਰਿਵਾਰਕ ਮੈਂਬਰਾਂ ਨੂੰ ਨਸ਼ੇ ਤੋਂ ਪਾਸਾ ਵੱਟਣ ਲਈ ਪ੍ਰੇਰਿਤ ਕਰ ਰਹੇ ਨੇ। ਉਨ੍ਹਾਂ ਦੇਸ਼ ਦੇ ਵਿਕਾਸ ਵਿੱਚ ਨੌਜਵਾਨ ਪੀੜ੍ਹੀ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣ ਲਈ ਸਮਾਜ ਵਿੱਚ ਚੌਕਸੀ ਵਧਾਉਣ ਦਾ ਸੱਦਾ ਦਿੱਤਾ।

---------------------------------------------------

ਪੰਜਾਬ ਵਿਧਾਨਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਆਪਣੇ ਗ੍ਰਹਿ ਪਿੰਡ ਫਰੀਦਕੋਟ ਜ਼ਿਲੇ ਦੇ ਸੰਧਵਾ ਵਿਖੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਸਮੱਸਿਆਵਾਂ ਦੇ ਹੱਲ ਲਈ ਦਿਸ਼ਾ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਉਹ ਅੱਜ ਇਸ ਅਹੁਦੇ ਤੇ ਪਹੁੰਚੇ ਨੇ ਅਤੇ ਇਸ ਲਈ ਉਹਨਾਂ ਦਾ ਵੀ ਫਰਜ਼ ਬਣਦਾ ਏ ਕਿ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਸਮੱਸਿਆ ਨਾ ਆਉਣ ਦਿੱਤੀ ਜਾਵੇ। ਇਸ ਲਈ ਉਹ ਖੁਦ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹਿੰਦੇ ਨੇ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਕੋਈ ਵੀ ਸਮੱਸਿਆ ਆਉਂਦੀ ਏ ਤਾਂ ਉਹ ਇਸ "ਲੋਕ

ਮਿਲਣੀ ਪ੍ਰੋਗਰਾਮ" ਵਿੱਚ ਆ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਜਿਸ ਦਾ ਫੌਰੀ ਹੱਲ ਕੀਤਾ ਜਾਵੇਗਾ। ਆਮ ਲੋਕਾਂ ਵਲੋਂ ਬਾਰਿਸ਼ਾਂ ਉਪਰੰਤ ਪਾਣੀ ਖੜ੍ਹੇ ਹੋਣ ਦੀਆਂ ਸਮੱਸਿਆਵਾਂ ਸਬੰਧੀ, ਵੱਖ-ਵੱਖ ਹੋਰ ਕੰਮਾਂ ਸਬੰਧੀ ਦਰਖਾਸਤਾਂ ਅਤੇ ਸ਼ਿਕਾਇਤਾਂ ਦਾ ਸਪੀਕਰ ਵਲੋਂ ਮੌਕੇ ਤੇ ਨਿਪਟਾਰਾ ਕੀਤਾ ਗਿਆ।

----------------------------------------------------

ਇੰਜੀਨੀਅਰਿੰਗ ਐਕਸਪੋਰਟ ਪ੍ਰਮੋਸ਼ਨ ਕੌਂਸਲ ਤੇ ਡਾਇਰੈਕਟਰ ਜਨਰਲ ਫਾੱਰੇਨ ਟਰੇਡ ਅਤੇ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਬਟਾਲਾ ਵੱਲੋਂ ਸਨਅਤਕਾਰਾਂ ਨਾਲ ਐਕਸਪੋਰਟ ਦੇ ਵਿਕਾਸ ਸਬੰਧੀ ਇਕ ਮੀਟਿੰਗ ਬਟਾਲਾ ਵਿਖੇ ਕੀਤੀ ਗਈ। ਸੰਯੁਕਤ ਡੀ ਜੀ ਐਫ ਟੀ ਉਤਪਲ ਅਚਾਰੀਆ ਨੇ ਦੱਸਿਆ ਕਿ ਕਿਵੇਂ ਕੋਈ ਵਿਅਕਤੀ ਬਰਾਮਦ ਲਈ ਨਵੇਂ ਬਾਜ਼ਾਰ ਤੇ ਖ਼ਰੀਦਦਾਰ ਲੱਭ ਸਕਦਾ ਏ। ਉਨ੍ਹਾਂ ਇਸ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ ਕਿ ਇਸ ਲਈ ਕੀ ਪ੍ਰਕਿਰਿਆਵਾਂ ਨੇ। ਸੰਦੀਪ ਵਰਮਾ ਨੇ ਸਨਅਤਕਾਰਾਂ ਨੂੰ ਐਕਸਪੋਰਟ ਕਰਨ ਦੇ ਈ.ਸੀ.ਜੀ.ਸੀ. ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਅਸਿਸਟੈਂਟ

ਡਾਇਰੈਕਟਰ ਗੌਰਵ ਗੁਪਤਾ ਨੇ ਈ.ਈ.ਪੀ.ਸੀ. ਇੰਡੀਆ ਦੇ ਫ਼ਾਇਦਿਆਂ ਬਾਰੇ ਦੱਸਿਆ ਅਤੇ ਆਉਣ ਵਾਲੀਆਂ ਵੱਖ-ਵੱਖ ਪ੍ਰਦਰਸ਼ਨੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ, ਜਿੱਥੇ ਕਿ ਵਿਦੇਸ਼ੀ ਖ਼ਰੀਦਦਾਰਾਂ ਨਾਲ ਮੈਂਬਰ ਗੱਲਬਾਤ ਕਰ ਸਕਦੇ ਨੇ ਅਤੇ ਉਨ੍ਹਾਂ ਨੂੰ ਮਿਲ ਕੇ ਆਪਣੇ ਕਾਰੋਬਾਰ ਨੂੰ ਵਧਾ ਸਕਦੇ ਨੇ। ਜ਼ਿਲ੍ਹਾ ਸਨਅਤਕਾਰ ਕੇਂਦਰ ਦੇ ਜਨਰਲ ਮੈਨੇਜਰ ਸੁਖਪਾਲ ਸਿੰਘ ਨੇ ਹਾਜ਼ਰ ਸਨਅਤਕਾਰਾਂ ਨੂੰ ਉਕਤ ਸਕੀਮਾਂ ਦਾ ਲਾਭ ਲੈਣ ਲਈ ਪ੍ਰੋਤਸਾਹਿਤ ਕਰਦੇ ਹੋਏ ਉਦਯੋਗਾਂ ਨੂੰ ਦਰਪੇਸ਼ ਮੁਸ਼ਕਲਾਂ ਲਿਖਤੀ ਰੂਪ ਵਿੱਚ ਸਾਂਝੇ ਕਰਨ ਲਈ ਕਿਹਾ ਤਾਂ ਜੋ ਇਹਨਾਂ ਨੂੰ ਛੇਤੀ ਹੱਲ ਕਰਨ ਲਈ ਸਬੰਧਿਤ ਵਿਭਾਗਾਂ ਨੂੰ ਭੇਜਿਆ ਜਾ ਸਕੇ।

-----------------------------------------------------------------

ਸਾਉਣ ਦੇ ਮਹੀਨੇ ਪੰਜਾਬ ਭਰ ਵਿਚ ਤੀਆਂ ਦਾ ਤਿਓਹਾਰ ਬੜੇ ਉਤਸਾਹ ਨਾਲ ਮਨਾਇਆ ਜਾਂਦਾ ਏ। ਇਸ ਮੌਕੇ ਵਿਆਹੀਆਂ ਔਰਤਾਂ ਤੇ ਕੁਆਰੀਆਂ ਕੁੜੀਆਂ ਇਕੱਠੀਆਂ ਹੁੰਦੀਆਂ ਨੇ ਤੇ ਗਿੱਧਾ ਪਾ ਕੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਨੇ। ਇਨੀਂ ਦਿਨੀਂ ਸੂਬੇ ਦੇ ਵੱਖ ਵੱਖ ਹਿੱਸਿਆਂ ਵਿਚ

ਤੀਆਂ ਦਾ ਤਿਓਹਾਰ ਬੜੇ ਹੀ ਚਾਵਾਂ ਨਾਲ ਮਨਾਇਆ ਜਾ ਰਿਹਾ ਏ। ਤਰਨਤਾਰਨ ਵਿਖੇ ਔਰਤਾਂ ਨੇ ਰਵਾਇਤੀ ਬੋਲੀਆਂ ਨਾਲ ਸਾਰਿਆਂ ਦਾ ਮਨ ਮੋਹ ਲਿਆ।

-----------------------------------------------------

ਪੈਰਿਸ ਉਲੰਪਿਕ ਖੇਡਾਂ ਵਿੱਚ ਸ਼ੂਟਿੰਗ ਵਿਚ ਕਾਂਸੇ ਦਾ ਮੈਡਲ ਜਿੱਤਣ ਉਪਰੰਤ ਸ਼ੂਟਰ ਸਰਬਜੋਤ ਸਿੰਘ ਮੁਹਾਲੀ ਜਿਲੇ ਚ ਪੈਂਦੇ ਆਪਣੇ ਜੱਦੀ ਪਿੰਡ ਬਟੌਲੀ ਲਾਲੜੂ ਪਹੁੰਚੇ। ਜਿੱਥੇ ਪਿੰਡ ਵਾਸੀਆਂ ਤੇ ਪ੍ਸੰਸਕਾਂ ਨੇ ਉਨਾਂ ਦਾ ਨਿੱਘਾ ਸਵਾਗਤ ਕੀਤਾ। ਹਲਕਾ ਡੇਰਾਬੱਸੀ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸਰਬਜੋਤ ਸਿੰਘ ਨੂੰ ਸਰੋਪਾ ਪਾ ਕੇ ਸਨਮਾਨਤ ਕੀਤਾ। ਉਨਾਂ ਸਰਬਜੋਤ ਦੀ ਹੋਸਲਾ ਅਫਜ਼ਾਈ ਕੀਤੀ ਤੇ ਹਲਕੇ ਦੇ ਨੌਜਵਾਨਾਂ ਨੂੰ ਨਸ਼ਿਆਂ ਨੂੰ ਛੱਡ ਕੇ ਖੇਡਾਂ ਪ੍ਰਤੀ ਜਾਗਰੂਕ ਹੋਣ ਦੀ ਅਪੀਲ ਕੀਤੀ। ਓਨਾਂ ਵਾਦਾ ਕੀਤਾ ਕਿ ਉਹ ਮੁੱਖ ਮੰਤਰੀ ਤੋਂ ਸਰਬਜੋਤ ਸਿੰਘ ਲਈ ਹਰ ਸੰਭਵ ਮਦਦ ਲਈ ਗਲ ਕਰਨਗੇ। ਇਸ ਮੌਕੇ ਲਾਲੜੂ ਭਾਜਪਾ ਮੰਡਲ ਪ੍ਧਾਨ ਗੁਰਮੀਤ ਸਿੰਘ ਟਿਵਾਣਾ ਨੇ ਸ਼ੂਟਰ ਸਰਬਜੋਤ ਸਿੰਘ ਨੂੰ ਵਧਾਈ ਦਿੰਦਿਆਂ ਉਨਾਂ ਦੀ ਉਪਲਬਧੀ ਨੂੰ

ਇਲਾਕੇ ਤੇ ਦੇਸ਼ ਲਈ ਮਾਣ ਵਾਲੀ ਗੱਲ ਦਸਿਆ ਅਤੇ ਕਿਹਾ ਕਿ ਇਸ ਨਾਲ ਹੋਰ ਨੌਜਵਾਨ ਸ਼ੂਟਿੰਗ ਖੇਡ ਨਾਲ ਜੁੜਣਗੇ ਤੇ ਨਸ਼ਿਆ ਤੋਂ ਬਚਣਗੇ। ਓਨਾਂ ਪੰਜਾਬ ਸਰਕਾਰ ਤੋਂ ਸ਼ੂਟਰ ਨੂੰ ਬਣਦਾ ਮਾਣ ਸਤਿਕਾਰ ਅਤੇ ਰਕਮ ਦੇਣ ਦੀ ਮੰਗ ਵੀ ਕੀਤੀ। ਹਲਕਾ ਇੰਚਾਰਜ ਕਾਂਗਰਸ ਪਾਰਟੀ ਦੀਪਇੰਦਰ ਸਿੰਘ ਢਿੱਲੋਂ ਅਤੇ ਲਾਲੜੂ ਨਿਵਾਸੀਆਂ ਨੇ ਸਰਬਜੋਤ ਦੇ ਘਰ ਪਹੁੰਚਕੇ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਉਸ ਨੂੰ ਕਾਂਗਰਸ ਪਾਰਟੀ ਵੱਲੋਂ ਸਨਮਾਨਤ ਕੀਤਾ।

---

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੇਤੀਬਾੜੀ ਖੇਤਰ ਵਿੱਚ ਖੋਜ ਤੇ ਨਵੀਨਤਾ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ।
- ਪ੍ਰਧਾਨ ਮੰਤਰੀ ਵਲੋਂ ਕਲ ਜਾਰੀ 61 ਫਸਲਾਂ ਦੀਆਂ 109 ਉੱਚ-ਉਪਜ ਵਾਲੀਆਂ, ਜਲਵਾਯੂ ਅਨੁਕੂਲ ਅਤੇ ਜੈਵ-ਸਸ਼ਕਤ ਫਸਲਾਂ ਦਾ ਕਿਸਾਨਾਂ ਨੇ ਭਰਵਾਂ ਸਵਾਗਤ ਕੀਤਾ ਏ।

- ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ 'ਨਸ਼ਾ ਮੁਕਤ ਭਾਰਤ ਅਭਿਆਨ' ਦੀ ਜਾਗਰੂਕਤਾ ਮੁਹਿੰਮ ਤਹਿਤ ਅੱਜ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਦਿਵਾਇਆ ਗਿਆ।
- ਪੈਰਿਸ ਉਲੰਪਿਕ ਖੇਡਾਂ ਵਿੱਚ ਸ਼ੂਟਿੰਗ ਵਿਚ ਕਾਂਸੇ ਦਾ ਮੈਡਲ ਜਿੱਤਣ ਉਪਰੰਤ ਪਿੰਡ ਪਰਤੇ ਸ਼ੂਟਰ ਸਰਬਜੋਤ ਸਿੰਘ ਦਾ ਲੋਕਾਂ ਤੇ ਪ੍ਸੰਸਕਾਂ ਨੇ ਨਿੱਘਾ ਸਵਾਗਤ ਕੀਤਾ।